# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :01-05-2026**

ਅੱਜ ਮਜ਼ਦੂਰ ਦਿਵਸ ਦੇ ਮੌਕੇ ’ਤੇ ਮਜ਼ਦੂਰ ਵਰਗ ਨੂੰ ਸਨਮਾਨ ਦੇਣ ਲਈ ਪੰਜਾਬ ਵਿਧਾਨ ਸਭਾ ਦਾ ਇਕ ਦਿਨ ਦਾ ਵਿਸ਼ੇਸ਼ ਇਜਲਾਸ ਚੱਲ ਰਿਹਾ ਏ। ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਮਜ਼ਦੂਰ ਵਰਗ ਦੀ ਘੱਟੋ-ਘੱਟ ਉਜਰਤ ਦੀ ਪੜਚੋਲ ਕਰ ਕੇ ਉਸ ਵਿਚ ਵਾਧਾ ਕਰਨ ਦਾ ਪ੍ਰਸਤਾਵ ਪੰਜਾਬ ਵਿਧਾਨ ਸਭਾ ਵਿਚ ਰੱਖਿਆ ਏ। ਇਸ ਪ੍ਰਸਤਾਵ ’ਤੇ ਵਿਧਾਨ ਸਭਾ ਵਿਚ ਵਿਚਾਰ-ਵਟਾਂਦਰਾ ਚੱਲ ਰਿਹਾ ਏ। ਇਸ ਮੌਕੇ ਮਜ਼ਦੂਰ ਯੂਨੀਅਨਾਂ ਦੇ ਨੁਮਾਇੰਦਿਆਂ ਨੂੰ ਵੀ ਖਾਸ ਤੌਰ ’ਤੇ ਸੱਦਿਆ ਗਿਆ ਏ। ਇਜਲਾਸ ਸ਼ੁਰੂ ਹੋਣ ਵੇਲੇ, ਵਿਛੋੜਾ ਦੇ ਗਈਆਂ ਰੂਹਾਂ, ਜਿਨ੍ਹਾਂ ਵਿਚ ਆਜਾਦੀ ਘੁਲਾਟੀਏ ਚਮਨ ਲਾਲ, ਉੱਘੇ ਹਾਕੀ ਖਿਡਾਰੀ ਗੁਰਬਖ਼ਸ਼ ਸਿੰਘ ਤੇ ਉੱਘੇ ਫੋਟੋ ਪੱਤਰਕਾਰ ਰਘੂ ਰਾਏ ਸ਼ਾਮਲ ਨੇ, ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਓਧਰ, ਭਾਰਤੀ ਜਨਤਾ ਪਾਰਟੀ ਪੰਜਾਬ ਵੱਲੋਂ ਜਨਤਾ ਦੀ ਵਿਧਾਨ ਸਭਾ ਵਿਚ ਇੱਕ ਵੱਖਰਾ ਸੈਸ਼ਨ ਆਪਣੇ ਚੰਡੀਗੜ੍ਹ ਸਥਿਤ ਦਫ਼ਤਰ ਦੇ ਨਜ਼ਦੀਕ ਚਲਾਇਆ

ਜਾ ਰਿਹਾ ਏ। ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ, ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਸਮੇਤ ਹੋਰ ਸੀਨੀਅਰ ਆਗੂ ਸ਼ਾਮਲ ਹੋਏ।

----------------------------------------------------

ਭਾਰਤ ਵਿਚ ਆਪਣੀ ਕਿਸਮ ਦੀ ਪਹਿਲੀ ਪਹਿਲਕਦਮੀ ਕਰਦਿਆਂ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਨੇ ਰਾਜ ਦੀਆਂ ਸਾਰੀਆਂ ਸ਼ਹਿਰੀ ਸਥਾਨਕ ਸੰਸਥਾਵਾਂ ਵਿਚ 13 ਹਜ਼ਾਰ ਤੋਂ ਵੱਧ ਕੂੜਾ ਤੇ ਬਾਗ਼ਬਾਨੀ ਮੁਲਾਜ਼ਮਾਂ ਨੂੰ ਸਿਖਲਾਈ ਦੇ ਕੇ ਰਾਜ ਵਿਆਪੀ ਜਾਗਰੂਕਤਾ ਮੁਹਿੰਮ ਨੂੰ ਸਫਲਤਾ ਨਾਲ ਪੂਰਾ ਕੀਤਾ ਏ। ਸਿਖਲਾਈ ਦੀ ਸ਼ੁਰੂਆਤ ਨਵੰਬਰ-2025 ਦੌਰਾਨ ਪਟਿਆਲਾ ਵਿਚ ਮਿਸ਼ਨ ਕਲੀਅਰ ਏਅਰ ਮੁਹਿੰਮ ਦੇ ਹਿੱਸੇ ਵਜੋਂ ਕੀਤੀ ਗਈ ਤੇ ਖੁੱਲ੍ਹੀ ਥਾਂ ’ਤੇ ਕੂੜਾ ਸਾੜਨ ਵਿਰੁੱਧ ਚੌਗਿਰਦਾ-ਪੱਖੀ ਤੇ ਕਾਨੂੰਨੀ ਜਾਗਰੂਕਤਾ ਪ੍ਰਦਾਨ ਕਰਨ ਦੇ ਨਾਲ-ਨਾਲ ਇਸ ਸਿਖਲਾਈ ਵਿਚ ਚੌਗਿਰਦੇ ਦੀ ਸੰਭਾਲ ਤੇ ਸੱਭਿਆਚਾਰਕ ਤੇ ਨੈਤਿਕ ਮਹੱਤਵ ’ਤੇ ਜ਼ੋਰ ਦੇਣ ਲਈ ਧਾਰਮਿਕ ਗ੍ਰੰਥਾਂ ਦੇ ਹਵਾਲਿਆਂ ਨੂੰ ਸ਼ਾਮਲ ਕੀਤਾ ਗਿਆ। ਪੰਜਾਬ ਪ੍ਰਦੂਸ਼ਣ ਬੋਰਡ ਦੇ ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ ਏ ਕਿ ਪੰਜਾਬ ਵਿਚ ਹਵਾ ਦੀ ਗੁਣਵੱਤਾ ਦੇ ਕਈ ਅਧਿਐਨਾਂ ਨੇ ਨਗਰ ਨਿਗਮ ਦੇ ਠੋਸ ਕੂੜੇ ਨੂੰ ਸਾੜਨ ਨੂੰ ਹਵਾ ਪ੍ਰਦੂਸ਼ਣ ਦਾ ਵੱਡਾ ਕਾਰਨ ਮੰਨਿਆ ਏ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੂੜਾ ਨਾ ਸਾੜਨ ਤੇ ਦੂਜਿਆਂ ਨੂੰ ਵੀ ਅਜਿਹਾ ਕਰਨ ਤੋਂ ਰੋਕਣ। ਉਲੰਘਣਾ

ਕਰਨ ਵਾਲਿਆਂ ਨੂੰ 25 ਹਜ਼ਾਰ ਰੁਪਏ ਤੱਕ ਦੇ ਚਾਲਾਨ ਭੁਗਤਣੇ ਪੈ ਸਕਦੇ ਨੇ।

---------------------------------------------------------------

ਪੰਜਾਬ ਸਕੂਲ ਸਿੱਖਿਆ ਬੋਰਡ ਨੇ ਉਨ੍ਹਾਂ ਵਿਦਿਆਰਥੀਆਂ, ਜਿਹੜੇ ਕਿ ਪਿਛਲੇ 16 ਸਾਲਾਂ ਵਿੱਚ ਆਪਣੀਆਂ 10ਵੀਂ ਜਾਂ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਪਾਸ ਨਹੀਂ ਕਰ ਸਕੇ, ਨੂੰ ਖਾਸ ਮੌਕਾ (ਸਪੈਸ਼ਲ ਮਰਸੀ ਚਾਂਸ) ਦੇਣ ਲਈ ਆਨਲਾਈਨ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਏ। ਆਨਲਾਈਨ ਅਰਜ਼ੀ ਫਾਰਮ ਸਿੱਖਿਆ ਬੋਰਡ ਦੀ ਵੈੱਬਸਾਈਟ  ’ਤੇ ਮੌਜੂਦ ਨੇ। ਯੋਗ ਉਮੀਦਵਾਰ ਆਉਂਦੀ 25 ਮਈ ਤੱਕ ਸਿੱਖਿਆ ਬੋਰਡ ਦੀ ਵੈੱਬਸਾਈਟ ’ਤੇ ਅਪਲਾਈ ਕਰ ਸਕਦੇ ਨੇ। ਇਸ ਸਬੰਧੀ ਸੂਬੇ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਏ ਕਿ ਇਹ ਖਾਸ ਮੌਕਾ ਉਨ੍ਹਾਂ ਉਮੀਦਵਾਰਾਂ ਨੂੰ ਦਿੱਤਾ ਜਾ ਰਿਹਾ ਏ, ਜਿਨ੍ਹਾਂ ਨੇ ਮਾਰਚ 2010 ਅਤੇ ਮਾਰਚ 2025 ਦਰਮਿਆਨ 10ਵੀਂ ਜਾਂ 12ਵੀਂ ਜਮਾਤ ਦੀ ਪ੍ਰੀਖਿਆ ਦਿੱਤੀ ਸੀ ਅਤੇ ਉਨ੍ਹਾਂ ਦੇ ਰੀ-ਅਪੀਅਰ ਜਾਂ ਕੰਪਾਰਟਮੈਂਟ ਦੇ ਸਾਰੇ ਮੌਕੇ ਖਤਮ ਹੋ ਗਏ ਨੇ ਜਾਂ ਜਿਹੜੇ ਆਪਣੀ ਅਕਾਦਮਿਕ ਕਾਰਗੁਜ਼ਾਰੀ ਨੂੰ ਬਿਹਤਰ ਬਣਾਉਣਾ ਚਾਹੁੰਦੇ ਨੇ।

---------------------------------------------------------------

ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕੱਲ੍ਹ ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ ਵਿਚ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਇਸ ਮੀਟਿੰਗ ਦੌਰਾਨ ਅਧਿਕਾਰੀਆਂ ਨੇ ਮੰਤਰੀ ਨੂੰ ਸੈਨਿਕ ਸਕੂਲ ਕਪੂਰਥਲਾ ਦੀ ਇਮਾਰਤ ਦੀ ਮੌਜੂਦਾ ਹਾਲਾਤ, ਨਵੀਨੀਕਰਨ ਯੋਜਨਾ ਤੇ ਪ੍ਰੋਜੈਕਟ ਦੀ ਪ੍ਰਗਤੀ ਸਬੰਧੀ ਜਾਣਕਾਰੀ ਦਿੱਤੀ। ਇਸ ਦੌਰਾਨ ਸੈਨਿਕ ਸਕੂਲ ਦੇ ਬਜਟ ਬਾਰੇ ਵੀ ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਮੰਤਰੀ ਮੋਹਿੰਦਰ ਭਗਤ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਤਿਹਾਸਕ ਸੈਨਿਕ ਸਕੂਲ ਕਪੂਰਥਲਾ ਦੀ ਇਮਾਰਤ ਲਈ ਲੋੜੀਂਦੇ ਫੰਡਾਂ ਦੀ ਸੂਚੀ ਬਣਾ ਕੇ ਜਲਦੀ ਭੇਜੀ ਜਾਵੇ। ਮੰਤਰੀ ਨੇ ਕਿਹਾ ਕਿ ਦੇ ਨਵੀਨੀਕਰਨ ਦੇ ਕੰਮ ਵਿੱਚ ਢਿੱਲ-ਮੱਠ ਕਰਨ ਵਾਲੇ ਅਫ਼ਸਰਾਂ ‘ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।

---------------------------------------------------

ਅੰਮ੍ਰਿਤਸਰ ਪੁਲਿਸ ਨੇ 10 ਕਿੱਲੋ ਤੋਂ ਵੱਧ ਹੈਰੋਇਨ ਅਤੇ 4 ਆਧੁਨਿਕ ਪਿਸਤੌਲਾਂ ਤੇ ਕਾਰਤੂਸ ਸਮੇਤ 3 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਕੇ, ਨਸ਼ਿਆਂ ਤੇ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਦੋ ਗਿਰੋਹਾਂ ਦਾ ਪਰਦਾਫਾਸ਼ ਕੀਤਾ ਏ। ਮੁਢਲੀ ਜਾਂਚ ਮੁਤਾਬਕ ਇਹ ਮੁਲਜ਼ਮ ਦੁਬਈ ਤੇ ਪਾਕਿਸਤਾਨ ਵਿੱਚ ਬੈਠੇ ਹੈਂਡਲਰਾਂ ਦੇ ਇਸ਼ਾਰਿਆਂ ‘ਤੇ ਸੋਸ਼ਲ ਮੀਡੀਆ

ਪਲੇਟਫਾਰਮਾਂ ਰਾਹੀਂ ਕੰਮ ਕਰ ਰਹੇ ਸਨ ਅਤੇ ਪੰਜਾਬ ਵਿੱਚ ਅੱਗੇ ਵੰਡ ਲਈ ਨਸ਼ਿਆਂ ਤੇ ਹਥਿਆਰਾਂ ਦੀਆਂ ਖੇਪਾਂ ਪ੍ਰਾਪਤ ਕਰ ਰਹੇ ਸਨ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਏ ਤੇ ਅਗਲੇਰੀ ਜਾਂਚ ਜਾਰੀ ਏ।

---------------------------------------------------------

ਪੀ.ਏ.ਯੂ. ਦੇ ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਅਤੇ ਖੇਤਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਪਿੰਡ ਸੇਖਪੁਰਾ ਬਲਾਕ ਤਲਵੰਡੀ ਸਾਬੋ ਵਿਚ ਕਿਸਾਨ ਜਾਗਰੂਕਤਾ ਕੈਂਪ ਲਗਾਇਆ। ਇਸ ਕੈਂਪ ਦੌਰਾਨ ਬੁਲਾਰਿਆਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਹਾੜ੍ਹੀ ਦੀਆਂ ਫ਼ਸਲਾਂ ਵਿੱਚ ਫਾਸਫੋਰਸ ਪਾਉਣ ਜਦਕਿ ਸਾਉਣੀ ਦੀਆਂ ਫ਼ਸਲਾਂ ਵਿੱਚ ਫਾਸਫੋਰਸ ਤੱਤ ਨਾ ਪਾਇਆ ਜਾਵੇ। ਬੁਲਾਰਿਆਂ ਨੇ ਕਿਸਾਨਾਂ ਨੂੰ ਘਰੇਲੂ ਅਨਾਜ ਤੇ ਬੀਜਾਂ ਦੀ ਸਹੀ ਸੰਭਾਲ ਸਬੰਧੀ ਜਾਣਕਾਰੀ ਸਾਂਝੀ ਕੀਤੀ। ਇਸ ਦੌਰਾਨ ਅਧਿਕਾਰੀਆਂ ਨੇ ਖੇਤੀਬਾੜੀ ਮਹਿਕਮੇ ਵੱਲੋਂ ਚਲਾਈਆਂ ਜਾ ਰਹੀਆਂ ਕਿਸਾਨ ਭਲਾਈ ਸਕੀਮਾਂ ਸਬੰਧੀ ਜਾਣਕਾਰੀ ਸਾਂਝੀ ਕੀਤੀ।

---------------------------------------------------------